Vigilance Bureau Punjab

**VIGILANCE NABS BDPO RED HANDED FOR TAKING BRIBE**

Chandigarh, December 13 State Vigilance Bureau today nabbed a Block Development & Panchayats Officer (BDPO) posted at Patran, Patiala district red handed for accepting bribe of Rs.4500.

Disclosing this here today a spokesman of Vigilance Bureau Punjab said Sanjeev Kumar, BDPO was caught red handed on the complaint of Shamsher Singh, Panchayats officer posted at BDPO office, Patran, Patiala.

Giving details he said the complainant approached the VB and alleged that the above said BDPO was demanding bribe of Rs. 2000/- more to pass medical bills pertaining to his family members. He also alleged that the accused BDPO was also demanding ‘monthly’ of Rs. 5000 from him.

After verifying his complaint the VB team laid a trap and the accused BDPO was caught red handed and the bribe money of Rs.4500 was recovered from him in the presence of two official witnesses. He informed that a case under Prevention of Corruption Act has been registered against the accused at VB police station Patiala and further investigation was under progress.

----------------

**ਵਿਜੀਲੈਂਸ ਬਿਓਰੋ ਪੰਜਾਬ**

**ਵਿਜੀਲੈਂਸ ਵਲੋਂ ਰਿਸ਼ਵਤ ਲੈਂਦਾ ਬੀ.ਡੀ.ਪੀ.ਓ ਰੰਗੇ ਹੱਥੀਂ ਕਾਬੂ**

ਚੰਡੀਗੜ੍ਹ 13 ਦਸੰਬਰ: ਵਿਜੀਲੈਂਸ ਬਿਊਰੋ ਪੰਜਾਬ ਵੱਲੋਂ ਅੱਜ ਪਾਤੜਾਂ, ਜਿਲਾ ਪਟਿਆਲਾ ਵਿਖੇ ਤਾਇਨਾਤ ਬਲਾਕ ਵਿਕਾਸ ਤੇ ਪੰਚਾਇਤ ਅਫਸਰ (ਬੀ.ਡੀ.ਪੀ.ਓ) ਨੂੰ 4500 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਬੀ.ਡੀ.ਪੀ.ਓ ਸੰਜੀਵ ਕੁਮਾਰ ਨੂੰ ਸ਼ਿਕਾਇਤਕਰਤਾ ਸ਼ਮਸ਼ੇਰ ਸਿੰਘ ਦੀ ਸ਼ਿਕਾਇਤ ਉੱਤੇ ਵਿਜੀਲੈਂਸ ਬਿਓਰੋ ਵਲੋਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ ਜੋ ਕਿ ਦੋਸ਼ੀ ਬੀ.ਡੀ.ਪੀ.ਓ ਤੇ ਮਾਤਹਿਤ ਬਤੌਰ ਪੰਚਾਇਤ ਅਫਸਰ ਵਜੋਂ ਤਾਇਨਾਤ ਹੈ।

ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਦੇ ਪਰਿਵਾਰਕ ਮੈਂਬਰਾਂ ਦੇ ਮੈਡੀਕਲ ਬਿਲਾਂ ਨੂੰ ਪ੍ਰਵਾਨ ਕਰਨ ਬਦਲੇ 2000 ਰੁਪਏ ਦੀ ਹੋਰ ਮੰਗ ਕੀਤੀ ਹੈ ਅਤੇ ਇਸ ਤੋਂ ਇਲਾਵਾ ਉਸ ਪਾਸੋਂ 5,000 ਰੁਪਏ ਪ੍ਰਤੀ ਮਹੀਨਾ (ਮੰਥਲੀ) ਦੇਣ ਦੀ ਵੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਵਲੋਂ ਪੜਤਾਲ ਉਪਰੰਤ ਉਕਤ ਬੀ.ਡੀ.ਪੀ.ਓ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 4500 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਪਟਿਆਲਾ ਵਿਖੇ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।

------------------